a

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ - 3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਐਚ.ਐਸ. ਹਾਈ ਸਕੂਲ, ਅਬੋਹਰ ਰੋਡ,
ਮੁਕਤਸਰ।

ਮੀਮੋ ਨੰ: 3/77/11-ਸ਼ਸਿ3/5075
ਮਿਤੀ ਚੰਡੀਗੜ੍ਹ 27-6-11

ਵਿਸ਼ਾ: ਐਚ.ਐਸ ਹਾਈ ਸਕੂਲ, ਅਬੋਹਰ ਰੋਡ, ਮੁਕਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਉਪਰੋਕਤ ਵਿਸ਼ੇ ਦੇ ਹਵਾਲੇ ਵਿਚ।

2. ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿਤਾ ਜਾਂਦਾ ਹੈ:

1) ਭਵਿੱਖ ਵਿਚ ਕਿਸੇ ਵੀ ਸ਼ਿਕਾਇਤ, ਇਨਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਪੇਸ਼ ਕੀਤਾ ਹਲਫੀਆ ਬਿਆਨ ਵਿਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2) ਆਪਣੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

3) ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵਲੋਂ ਆਰ.ਟੀ.ਈ. ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨਾਂ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ, 2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

4) ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ

Principal
H.S. HIGH SCHOOL
Abohar Road, Muktsar

For H.S. HIGH SCHOOL
President

ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

5. ਤੁਸੀਂ ਖੁਦ ਅਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ 3/77/11-3ਸਿ5 ਮਿਤੀ ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਚੰਡੀਗੜ੍ਹ ਨੂੰ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਐਚ.ਐਸ. ਹਾਈ ਸਕੂਲ, ਅਬੋਹਰ ਰੋਡ, ਮੁਕਤਸਰ ਦੀ ਮਿਸਲ ਮੂਲ ਰੂਪ ਵਿਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

Principal
H.S. HIGH SCHOOL
Abohar Road, Muktsar

For H.S. HIGH SCHOOL
President